ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਪੰਜਾਬ ਸਰਕਾਰ ਦੇ ਯਤਨਾਂ ਨਾਲ 152 ਵਿਦਿਆਰਥੀ ਕੋਟਾ ਤੋਂ ਵਾਪਿਸ ਪਰਤੇ

-ਪੀਆਰਟੀਸੀ ਦੀਆਂ ਬੱਸਾਂ ਰਾਹੀਂ ਭੇਜਿਆ ਘਰੇਲੂ ਜ਼ਿਲ੍ਹੇ ਵਿਚ

ਬਠਿੰਡਾ, 27 ਅਪ੍ਰੈਲ : ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਪਹਿਲ ਕਦਮੀ ਨਾਲ ਰਾਜਸਥਾਨ ਦੀ ਸਿੱਖਿਆ ਨਗਰੀ ਕੋਟਾ ਵਿਚ ਫਸੇ ਹੋਏ ਪੰਜਾਬ ਦੇ 152 ਵਿਦਿਆਰਥੀ ਅੱਜ ਵਾਪਸ ਪੰਜਾਬ ਪਰਤੇ। ਬਠਿੰਡਾ ਜ਼ਿਲ੍ਹੇ ਦੇ ਹਰਿਆਣਾ ਨਾਲ ਲੱਗਦੇ ਡੂਮਵਾਲੀ ਬਾਰਡਰ ਤੇ ਪੰਜਾਬ ਸਰਕਾਰ ਦੇ ਪ੍ਰਸ਼ਾਸਨ ਨੇ ਇੰਨ੍ਹਾਂ ਵਿਦਿਆਰਥੀਆਂ ਨੂੰ ਮੁੱਢਲੇ ਮੈਡੀਕਲ ਚੈਕਅੱਪ ਤੋਂ ਬਾਅਦ ਇੰਨ੍ਹਾਂ ਦੇ ਪਿੱਤਰੀ ਜ਼ਿਲ੍ਹਿਆਂ ਲਈ ਰਵਾਨਾ ਕੀਤਾ।

ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਜ਼ਿਲ੍ਹੇ ਦੀ ਹੱਦ ਤੇ ਬੱਸਾਂ ਵਿਚ ਆਏ ਵਿਦਿਆਰਥੀਆਂ ਦੇ ਮੈਡੀਕਲ ਚੈਕਅੱਪ ਤੋਂ ਇਲਾਵਾ ਇੰਨ੍ਹਾਂ ਨੂੰ ਨਾਸਤਾ ਦਿੱਤਾ ਗਿਆ। ਇੱਥੋਂ ਪੀਆਰਟੀਸੀ ਦੀਆਂ ਬੱਸਾਂ ਵਿਚ ਇੰਨ੍ਹਾਂ ਵਿਦਿਆਰਥੀਆਂ ਨੂੰ ਇੰਨ੍ਹਾਂ ਦੇ ਜ਼ਿਲ੍ਹਿਆਂ ਲਈ ਰਵਾਨਾ ਕੀਤਾ ਗਿਆ।

ਇਸ ਮੌਕੇ ਵਿਦਿਆਰਥੀਆਂ ਨੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀ ਘਰ ਵਾਪਸੀ ਲਈ ਰਾਹਦਾਰੀ ਦਾ ਪ੍ਰਬੰਧ ਕਰਨ ਅਤੇ ਅੰਤਰਰਾਜੀ ਹੱਦ ਤੋਂ ਘਰਾਂ ਤੱਕ ਪੀਆਰਟੀਸੀ ਦੀਆਂ ਬੱਸਾਂ ਮੁਹਈਆ ਕਰਵਾਉਣ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦਾ ਧੰਨਵਾਦ ਕੀਤਾ।

ਬਠਿੰਡਾ ਰਾਸਤੇ ਪੰਜਾਬ ਪਰਤੇ ਇੰਨ੍ਹਾਂ ਵਿਦਿਆਰਥੀਆਂ ਵਿਚ ਬਠਿੰਡੇ ਦੇ 24 ਵਿਦਿਆਰਥੀਆਂ ਤੋਂ ਇਲਾਵਾ ਬਰਨਾਲੇ ਦਾ ਇਕ, ਲੁਧਿਆਣਾ ਦੇ 25, ਹੁਸ਼ਿਆਰਪੁਰ ਦੇ 2, ਤਰਨਤਾਰਨ ਦਾ ਇਕ, ਸ੍ਰੀ ਅੰਮ੍ਰਿਤਸਰ ਸਾਹਿਬ ਦੇ 9, ਗੁਰਦਾਸਪੁਰ ਦੇ 13, ਪਠਾਨਕੋਟ ਦੇ 16, ਫਰੀਦਕੋਟ ਦੇ 2, ਫਿਰੋਜ਼ਪੁਰ ਦੇ 6, ਸ੍ਰੀ ਮੁਕਤਸਰ ਸਾਹਿਬ ਦੇ 2, ਫਾਜ਼ਿਲਕਾ ਦੇ 14, ਮੋਗਾ ਦਾ 1, ਜਲੰਧਰ ਦੇ 10, ਕਪੂਰਥਲਾ ਦੇ 4, ਮਾਨਸਾ ਦੇ 5, ਸੰਗਰੂਰ ਦੇ 2, ਪਟਿਆਲਾ ਦੇ 4, ਫਤਿਹਗੜ੍ਹ ਸਾਹਿਬ ਦੇ 3, ਰੁਪਨਗਰ ਦੇ 2, ਮੋਹਾਲੀ ਦੇ 2 ਅਤੇ ਚੰਡੀਗੜ੍ਹ ਦੇ 4 ਵਿਦਿਆਰਥੀ ਸ਼ਾਮਿਲ ਹਨ।ਇਸ ਮੌਕੇ ਤਲਵੰਡੀ ਸਾਬੋ ਦੀ ਵਿਦਿਆਰਥਣ ਹਰਪ੍ਰੀਤ ਕੌਰ ਨੇ ਉਨ੍ਹਾਂ ਦੀ ਵਾਪਸੀ ਦਾ ਪ੍ਰਬੰਧ ਕਰਨ ਲਈ ਪੰਜਾਬ ਸਰਕਾਰ, ਸਿਵਲ ਤੇ ਪੁਲਿਸ ਪ੍ਰਸ਼ਾਸਨ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਰਾਸਤੇ ਵਿਚ ਉਨ੍ਹਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਗਈ। ਇਸ ਮੌਕੇ ਅੰਤਰਰਾਜੀ ਸਰੱਹਦ ਤੇ ਆਉਣ ਵਾਲੇ ਵਿਦਿਆਰਥੀਆਂ ਦੀ ਬਿਨ੍ਹਾਂ ਮੁਸਕਿਲ ਦਾਖਲੇ ਅਤੇ ਮੈਡੀਕਲ ਟੈਸਟ ਆਦਿ ਦੀ ਨਿਗਰਾਨੀ ਕਰ ਰਹੇ ਤਹਿਸੀਲਦਾਰ ਸ: ਸੁਖਬੀਰ ਸਿੰਘ ਬਰਾੜ ਨੇ ਦੱਸਿਆ ਕਿ ਇਸ ਮੌਕੇ ਨੌਜਵਾਨ ਵੇਲਫੇਅਰ ਸੁਸਾਇਟੀ ਵੱਲੋਂ ਵਿਦਿਆਰਥੀਆਂ ਲਈ ਨਾਸਤਾ ਵਰਤਾਇਆ ਗਿਆ।

I/20584/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਤਖਤ ਸ੍ਰੀ ਹਜ਼ੂਰ ਸਾਹਿਬ ਤੋਂ ਸ਼ਰਧਾਲੂਆਂ ਦਾ ਆਉਣਾ ਜਾਰੀ

-ਬੀਤੀ ਰਾਤ ਆਏ 251

-ਸੋਮਵਾਰ ਨੂੰ ਪਰਤੇ 50 ਸ਼ਰਧਾਲੂ

ਪੰਜਾਬ ਸਰਕਾਰ ਵੱਲੋਂ ਰਾਹਦਾਰੀ ਦੇ ਪ੍ਰਬੰਧਾਂ ਲਈ ਮੁੱਖ ਮੰਤਰੀ ਦਾ ਕੀਤਾ ਧੰਨਵਾਦ

ਬਠਿੰਡਾ, 27 ਅਪ੍ਰੈਲ : ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਵੱਲੋਂ ਕੇਂਦਰ ਸਰਕਾਰ ਅਤੇ ਮਹਾਰਾਸ਼ਟਰ ਸਰਕਾਰ ਨਾਲ ਤਾਲਮੇਲ ਕਰਕੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਫਸੇ ਸ਼ਰਧਾਲੂਆਂ ਨੂੰ ਵਾਪਿਸ ਲਿਆਉਣ ਲਈ ਰਾਹਦਾਰੀ ਦੀ ਵਿਵਸਥਾ ਕਰਨ ਤੋਂ ਬਾਅਦ ਲਗਾਤਾਰ ਸ਼ਰਧਾਲੂ ਪੰਜਾਬ ਪਰਤ ਰਹੇ ਹਨ। ਐਤਵਾਰ ਅਤੇ ਸੋਮਵਾਰ ਦੀ ਵਿਚਕਾਰਲੀ ਰਾਤ 17 ਵਾਹਨਾਂ ਰਾਹੀਂ 251 ਲੋਕ ਬਠਿੰਡਾ ਰਾਸਤਿਓ ਸੂਬੇ ਵਿਚ ਦਾਖਲ ਹੋਏ।ਇੰਨ੍ਹਾਂ ਵਿਚੋਂ ਜਿਆਦਾਤਰ ਸ੍ਰੀ ਅੰਮਿਤਸਰ ਸਾਹਿਬ ਜ਼ਿਲ੍ਹੇ ਨਾਲ ਸਬੰਧਤ ਸਨ।

ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਇਸ ਸੰਗਤ ਦਾ ਪੰਜਾਬ ਦੇ ਹਰਿਆਣਾ ਨਾਲ ਲਗਦੇ ਡੂਮਵਾਲੀ ਬਾਰਡਰ ਤੇ ਪੰਜਾਬ ਸਰਕਾਰ ਦੇ ਅਧਿਕਾਰੀਆਂ ਨੇ ਸਵਾਗਤ ਕੀਤਾ ਅਤੇ ਇੰਨ੍ਹਾਂ ਦੇ ਮੁੱਢਲੇ ਮੈਡੀਕਲ ਚੈਕਅੱਪ ਤੋਂ ਬਾਅਦ ਇੰਨ੍ਹਾਂ ਨੂੰ ਇੰਨ੍ਹਾਂ ਦੇ ਪਿਤਰੀ ਜ਼ਿਲ੍ਹਿਆਂ ਲਈ ਰਵਾਨਾ ਕੀਤਾ ਗਿਆ।ਇਸ ਮੌਕੇ ਬਠਿੰਡਾ ਦੇ ਐਸਡੀਐਮ ਸ: ਅਮਰਿੰਦਰ ਸਿੰਘ ਟਿਵਾਣਾ ਅਤੇ ਤਹਿਸੀਲਦਾਰ ਸ: ਸੁਖਬੀਰ ਸਿੰਘ ਬਰਾੜ ਤਖਤ ਸ੍ਰੀ ਹਜੂਰ ਸਾਹਿਬ ਤੋਂ ਆਉਣ ਵਾਲੇ ਸ਼ਰਧਾਲੂਆਂ ਦੇ ਸਵਾਗਤ ਲਈ ਲਗਾਤਾਰ ਬਾਰਡਰ ਤੇ ਤਾਇਨਾਤ ਹਨ।

ਇਸ ਤੋਂ ਬਿਨ੍ਹਾਂ ਸੋਮਵਾਰ ਦੇਰ ਰਾਤ ਤੱਕ 13 ਵਾਹਨਾਂ ਰਾਹੀਂ ਵੱਖ ਵੱਖ ਜ਼ਿਲ੍ਹਿਆਂ ਨਾਲ ਸਬੰਧਤ ਹੋਰ 467 ਵਿਅਕਤੀ ਵੀ ਪੰਜਾਬ ਪਰਤ ਰਹੇ ਹਨ। ਇਸ ਮੌਕੇ ਫਿਰੋਜਪੁਰ ਜ਼ਿਲ੍ਹੇ ਦੇ ਮੱਖੂ ਦੇ ਯਾਤਰੀ ਜ਼ਸਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਲਈ ਪਾਸ ਮੁਹਈਆ ਕਰਵਾਏ ਗਏ ਜਿਸ ਨਾਲ ਉਨ੍ਹਾਂ ਦੀ ਵਾਪਸੀ ਸੰਭਵ ਹੋਈ। ਉਸਨੇ ਦੱਸਿਆ ਕਿ ਉਹ 21 ਮਾਰਚ ਨੂੰ ਨਾਂਦੇੜ ਸਾਹਿਬ ਵਿਖੇ ਗਏ ਸਨ ਪਰ ਕਰਫਿਊ ਕਾਰਨ ਉਥੇ ਹੀ ਫਸ ਗਏ ਸਨ।ਯਾਤਰੀਆਂ ਨੇ ਇਸ ਮੌਕੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਨਿੱਜੀ ਰੂਚੀ ਲੈ ਕੇ ਭਾਰਤ ਸਰਕਾਰ ਅਤੇ ਮਹਾਰਾਸਟਰ ਸਰਕਾਰ ਤੱਕ ਤਾਲਮੇਲ ਕਰਕੇ ਉਨ੍ਹਾਂ ਦੀ ਵਾਪਸੀ ਲਈ ਰਾਹ ਪੱਧਰਾ ਕਰਵਾਉਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

ਇੱਥੇ ਜਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਬਠਿੰਡਾ ਤੋਂ 80 ਸਰਕਾਰੀ ਬੱਸਾਂ ਤਖਤ ਸ੍ਰੀ ਹਜੂਰ ਸਾਹਿਬ ਵਿਖੇ ਸ਼ਰਧਾਲੂਆਂ ਨੂੰ ਲੈਣ ਲਈ ਵੱਖਰੇ ਤੌਰ ਭੇਜੀਆਂ ਗਈਆਂ ਹਨ ਜਿੰਨ੍ਹਾਂ ਵਿਚੋਂ 79 ਨਾਂਦੇੜ ਪਹੁੰਚ ਗਈਆਂ ਹਨ।ਜਦ ਕਿ ਇਕ ਬੱਸ ਰਾਸਤੇ ਵਿਚ ਇੰਦੋਰ ਤੋਂ ਤਰਨਤਾਰਨ ਦੀਆਂ 33 ਸਵਾਰੀਆਂ ਲੈ ਕੇ ਮੁੜੀ ਹੈ ਕਿਉਂਕਿ ਉਹ ਜਿਸ ਬੱਸ ਵਿਚ ਆ ਰਹੇ ਸਨ ਉਹ ਇੰਦੋਰ ਕੋਲ ਖਰਾਬ ਹੋ ਗਈ ਸੀ।ਇਸ ਤੋਂ ਬਿਨ੍ਹਾਂ 17 ਯਾਤਰੀ ਸੰਗਰੂਰ ਜ਼ਿਲ੍ਹੇ ਨਾਲ ਸਬੰਧਤ ਪਰਤੇ।

I/20605/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਬਠਿੰਡਾ ਜ਼ਿਲ੍ਹੇ ਵਿਚ 4.22 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ

-302 ਕਰੋੜ ਦੀ ਅਦਾਇਗੀ ਕੀਤੀ

-73520 ਕਿਸਾਨਾਂ ਨੂੰ ਪਾਸ ਜਾਰੀ

ਬਠਿੰਡਾ, 27 ਅਪ੍ਰੈਲ : ਬਠਿੰਡਾ ਜ਼ਿਲ੍ਹੇ ਵਿਚ ਐਤਵਾਰ ਦੀ ਸ਼ਾਮ ਤੱਕ 4,22,265 ਮੀਟ੍ਰਿਕ ਟਨ ਦੀ ਖਰੀਦ ਕੀਤੀ ਜਾ ਚੁੱਕੀ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਬੀਤੀ

ਸ਼ਾਮ ਤੱਕ 2,45,824 ਮੀਟ੍ਰਿਕ ਟਨ ਕਣਕ ਦੀ ਮੰਡੀਆਂ ਵਿਚੋਂ ਲਿਫਟਿੰਗ ਵੀ ਕੀਤੀ ਜਾ ਚੁੱਕੀ ਹੈ।ਉਨ੍ਹਾਂ ਨੇ ਦੱਸਿਆ ਕਿ ਬੀਤੇ ਇਕ ਦਿਨ ਵਿਚ ਹੀ 55968 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ: ਮਨਦੀਪ ਸਿੰਘ ਮਾਨ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਪਨਗ੍ਰੇਨ ਨੇ 116132 ਮੀਟ੍ਰਿਕ ਟਨ, ਮਾਰਕਫੈਡ ਨੇ 111672 ਮੀਟ੍ਰਿਕ ਟਨ, ਪਨਸਪ ਨੇ 99125 ਮੀਟ੍ਰਿਕ ਟਨ, ਪੰਜਾਬ ਰਾਜ ਵੇਅਰ ਹਾਊਸ ਕਾਰਪੋਰੇਸ਼ਨ ਨੇ 63613 ਮੀਟ੍ਰਿਕ ਟਨ, ਭਾਰਤੀ ਖੁਰਾਕ ਨਿਗਮ ਨੇ 31184 ਟਨ ਅਤੇ ਵਪਾਰੀਆਂ ਨੇ 449 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਹੈ। ਬੀਤੀ ਸ਼ਾਮ ਤੱਕ 302 ਕਰੋੜ ਰੁਪਏ ਦੀਆਂ ਅਦਾਇਗੀਆਂ ਵੀ ਕੀਤੀਆਂ ਗਈਆਂ ਹਨ।ਜ਼ਿਲ੍ਹਾ ਮੰਡੀ ਅਫ਼ਸਰ ਸ: ਕੰਵਰਪ੍ਰੀਤ ਸਿੰਘ ਬਰਾੜ ਨੇ ਦੱਸਿਆ ਕਿ ਜ਼ਿਲ੍ਹੇ ਦੇ ਕਿਸਾਨਾਂ ਨੂੰ ਹੁਣ ਤੱਕ 73520 ਪਾਸ ਕਣਕ ਮੰਡੀ ਵਿਚ ਲਿਆਉਣ ਲਈ ਜਾਰੀ ਕੀਤੇ ਜਾ ਚੁੱਕੇ ਹਨ।

I/20607/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਇੱਕ ਮਹੀਨੇ ਦੌਰਾਨ ਜਿਲ੍ਹੇ ’ਚ 4755 ਤੋਂ ਵੱਧ ਨਵੇਂ ਨਸ਼ਾ-ਪੀੜਤ ਮਰੀਜ਼ ਰਜਿਸਟਰਡ ਹੋਏ

ਮਰੀਜ਼ਾਂ ਦੀ ਵੱਧ ਰਹੀ ਗਿਣਤੀ ਨੂੰ ਧਿਆਨ ਵਿਚ ਰੱਖਦੇ ਹੋਏ ਓਟ ਕਲੀਨਿਕਾਂ ਤੇ ਨਸ਼ਾ-ਛੁਡਾਊ ਕੇਂਦਰਾਂ ਦੇ ਖੁੱਲਣ ਦਾ ਸਮਾਂ ਸਵੇਰੇ 8 ਵਜੇ ਕੀਤਾ: ਸਿਵਲ ਸਰਜਨ ਡਾ. ਅਮਰੀਕ ਸਿੰਘ ਸੰਧੂ

ਬਠਿੰਡਾ, 27 ਅਪ੍ਰੈਲ : ਕੋਵਿਡ-19 ਦੇ ਫੈਲਾਅ ਨੂੰ ਰੋਕਣ ਲਈ ਲਗਾਏ ਗਏ ਕਰਫਿਊ ਦੌਰਾਨ ਨਸ਼ਾ-ਛੁਡਾਊ ਪ੍ਰੋਗਰਾਮ ਨੂੰ ਵੱਡੇ ਪੱਧਰ ’ਤੇ ਸਫਲਤਾ ਹਾਸਲ ਹੋਈ ਹੈ ਜਿਸ ਤਹਿਤ ਹਜ਼ਾਰਾਂ ਦੀ ਗਿਣਤੀ ਵਿਚ ਪੀੜਤ ਮਰੀਜ਼ਾਂ ਨੇ ਓਟ ਕਲੀਨਿਕਾਂ ਤੇ ਨਸ਼ਾ-ਛੁਡਾਊ ਕੇਂਦਰਾਂ ਦਾ ਰੁੱਖ ਕੀਤੀ ਹੈ। ਜਿਸ ਨੂੰ ਦੇਖਦੇ ਹੋਏ ਸਿਹਤ ਤੇ ਪਰਿਵਾਰ ਮੰਤਰੀ ਸ. ਬਲਬੀਰ ਸਿੰਘ ਸਿੱਧੂ ਨੇ ਇਨ੍ਹਾਂ ਓਟ ਕਲੀਨਿਕਾਂ ਤੇ ਕੇਂਦਰਾਂ ਦਾ ਖੁਲਣ ਦਾ ਸਮਾਂ ਸਵੇਰੇ 8 ਵਜੇ ਕਰਨ ਅਤੇ ਨਵੀਆਂ ਰਜਿਸਟ੍ਰੇਸ਼ਨਾਂ ਲਈ ਅੱਲਗ ਕਾਊਂਟਰ ਦਾ ਪ੍ਰਬੰਧ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਹਨ ਤਾਂ ਜੋ ਇਥੇ ਮਰੀਜ਼ਾਂ ਦੀਆਂ ਲੰਮੀਆਂ ਕਤਾਰਾਂ ਨਾ ਲੱਗਣ।

ਇਸ ਬਾਰੇ ਹੋਰ ਜਾਣਕਾਰੀ ਦਿੰਦੀਆਂ ਸਿਵਲ ਸਰਜਨ ਬਠਿੰਡਾ ਡਾ ਅਮਰੀਕ ਸਿੰਘ ਸੰਧੂ ਨੇ ਦੱਸਿਆ ਕਿ ਜਿਲ੍ਹੇ ਵਿਚ ਨਸ਼ਾ-ਛੁਡਾਊ ਮੁਹਿੰਮ ਤਹਿਤ ਸਿਰਫ ਇਕ ਮਹੀਨੇ ਦੌਰਾਨ ਹੀ 4755 ਤੋਂ ਵੱਧ ਦੀ ਗਿਣਤੀ ਵਿੱਚ ਨਵੀਆਂ ਰਜਿਸਟਰੇਸ਼ਨ ਦਰਜ ਕੀਤੀਆਂ ਗਈਆਂ ਹਨ। ਜਿਸ ਨੂੰ ਧਿਆਨ ਵਿਚ ਰੱਖਦਿਆਂ ਨਸ਼ਾ-ਪੀੜਤਾਂ ਲਈ ਸਿਹਤ ਵਿਭਾਗ ਚਲੋਂ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਨਵੇਂ ਮਰੀਜ਼ਾਂ ਨੂੰ ਇਲਾਜ ਸੇਵਾਵਾਂ ਮੁਹੱਈਆ ਕਰਵਾਕੇ ਨਸ਼ਾ-ਮੁਕਤ ਕੀਤਾ ਜਾ ਸਕੇ।

ਡਾ ਅਰੁਣ ਬਾਂਸਲ ਨੋਡਲ ਅਫਸਰ ਜਿਲਾ ਓਟ ਸੈਂਟਰ ਬਠਿੰਡਾ ਨੇ ਕਿਹਾ ਕਿ ਨਸ਼ਾ-ਛੁਡਾਊ ਕੇਂਦਰਾਂ ਵਿਚ ਦਵਾਈ ਦੇਣ ਦੌਰਾਨ ਸਮਾਜਿਕ ਦੂਰੀ ਦਾ ਖਾਸ ਧਿਆਨ ਰੱਖਿਆ ਜਾ ਰਿਹਾ ਹੈ ਅਤੇ ਮਰੀਜ਼ਾਂ ਨੂੰ ਸੁਚੇਤ ਕੀਤਾ ਜਾ ਰਿਹਾ ਹੈ ਕਿ ਕੋਰੋਨਾ ਇਕ ਖਤਰਨਾਕ ਬਿਮਾਰੀ ਹੈ ਅਤੇ ਜੇਕਰ ਜਿਆਦਾ ਬੁਖਾਰ, ਖੁਸ਼ਕ ਖੰਘ ਅਤੇ ਸਾਹ ਲੈਣ ਵਿੱਚ ਮੁਸ਼ਕਲ ਹੁੰਦੀ ਹੈ ਤਾਂ ਉਹ ਲਾਜ਼ਮੀ ਤੌਰ ’ਤੇ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਨਾਲ ਸੰਪਰਕ ਕਰਨ। ਉਹਨਾਂ ਕਿਹਾ ਕਿ ਨਸ਼ਾ-ਛੁਡਾਊ ਪ੍ਰੋਗਰਾਮ ਦਾ ਮੁੱਖ ਮੰਤਵ ਗੁਮਰਾਹ ਨੋਜੁਆਨਾਂ ਨੂੰ ਮੁੜ ਜ਼ਿੰਦਗੀ ਦੀ ਰਾਹ ’ਤੇ ਪਾਉਣਾ ਹੈ ਅਤੇ ਇਲਾਜ ਮੁਹੱਈਆ ਕਰਵਾਕੇ ਸਿਹਤਮੰਦ ਕਰਨਾ

ਹੈ। ਉਨਾਂ ਦੱਸਿਆ ਕਿ ਟੋਲ ਫਰੀ ਹੈਲਪਲਾਈਨ ਨੰਬਰ 104 ’ਤੇ ਦਿਨ-ਰਾਤ ਡਾਕਟਰੀ ਸੇਵਾਵਾਂ ਸਮੇਤ ਨਸ਼ਾ-ਛੁਡਾਊ ਪ੍ਰੋਗਰਾਮ ਸਬੰਧੀ ਮੁਕੰਮਲ ਜਾਣਕਾਰੀ ਮੁਹੱਈਆ ਕਰਵਾਈ ਜਾਂਦੀ ਹੈ।

ਉਨਾਂ ਅੱਗੇ ਦੱਸਿਆ ਕਿ ਕੋਰੋਨਾ ਵਾਇਰਸ ਦੇ ਖਤਰੇ ਨੂੰ ਦੇਖਦੇ ਹੋਏ ਪੰਜਾਬ ਵਿਚ ਕਰਫਿਊ ਲਗਾਇਆ ਗਿਆ ਹੈ ਜਿਸ ਦਾ ਪ੍ਰਭਾਵ ਨਸ਼ਾ-ਛੁਡਾਊ ਪ੍ਰੋਗਰਾਮ ’ਤੇ ਪੈ ਰਿਹਾ ਸੀ। ਉਨਾਂ ਦੱਸਿਆ ਕਿ ਇਲਾਜ ਸੇਵਾਵਾਂ ਨਾ ਮਿਲਣ ਦੀ ਸੂਰਤ ਵਿਚ ਮਰੀਜ਼ ਦੇ ਇਲਾਜ ਛੱਡਣ ਦੀ ਸੰਭਾਵਨਾ ਹੁੰਦੀ ਹੈ ਜੋ ਕਿ ਮਰੀਜ਼ ਲਈ ਘਾਤਕ ਵੀ ਹੋ ਸਕਦਾ ਹੈ ਜਿਸ ਲਈ ਹੁਣ ਘਰ ਲਿਜਾਣ ਲਈ (ਟੇਕ ਹੋਮ ਡੋਜ਼) ਦਵਾਈ ਦੀ ਮਿਆਦ 21 ਦਿਨ ਤੱਕ ਕਰ ਦਿੱਤੀ ਗਈ ਹੈ ਪਰ ਇਹ ਦਵਾਈ ਕੇਵਲ ਸਾਇਕੈਟਰਿਸਟ ਦੀ ਸਲਾਹ ਉਪਰੰਤ ਹੀ ਮਰੀਜ਼ ਨੂੰ ਜਾਰੀ ਕੀਤੀ ਜਾ ਰਹੀ ਹੈ।

I/20606/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਬਠਿੰਡਾ ਜ਼ਿਲ੍ਹੇ ਦੀਆਂ ਨਹਿਰਾਂ ਵਿਚ ਪਾਣੀ ਛੱਡਿਆ, ਕਿਸਾਨਾਂ ਨੂੰ ਨਰਮੇ ਦੀ ਬਿਜਾਈ ਦੀ ਅਪੀਲ

ਬਠਿੰਡਾ, 27 ਅਪ੍ਰੈਲ : ਡਾ ਸੁਸੀਲ ਕੁਮਾਰ ਬਾਂਸਲ ਮੁੱਖ ਖੇਤੀਬਾੜੀ ਅਫਸਰ ਬਠਿੰਡਾ ਵੱਲੋ ਕਿਸਾਨਾ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਲਾ ਪ੍ਰਸਾਸਾਨ ਅਤੇ ਉਚ-ਅਧਿਕਾਰੀਆ ਦੇ ਸਹਿਯੋਗ ਸਦਕਾ ਪੰਜਾਬ ਸਰਕਾਰ ਵੱਲੋ ਨਰਮੇ ਹੇਠ 2 ਲੱਖ ਹੈਕਟਰ ਰਕਬੇ ਵਿੱਚ ਬਿਜਾਈ ਕਰਨ ਦੇ ਟੀਚੇ ਨੂੰ ਪੂਰਾ ਕਰਨ ਲਈ ਜਿਲੇ ਵਿੱਚ ਨਹਿਰਾਂ ਵਿੱਚ ਪਾਣੀ ਦੀ ਸਪਲਾਈ ਛੱਡ ਦਿੱਤੀ ਹੈ। ਇਸ ਸਬੰਧ ਵਿੱਚ ਕਾਰਜਕਾਰੀ ਇੰਜਨੀਅਰ,ਨਹਿਰੀ ਵਿਭਾਗ-ਬਠਿੰਡਾ ਨੇ ਵੀ ਇਸਦੀ ਪੁੱਸ਼ਟੀ ਕੀਤੀ ਹੈ।ਉਨ੍ਹਾ ਵੱਲੋ ਜਿਲੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫਸਲੀ ਵਿਭਿੰਨਤਾ ਪਰੋਗਰਾਮ ਤਹਿਤ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੁਆਰਾ ਸਿਫਾਰਸ ਕੀਤੀਆਂ ਬੀਟੀ ਕਿਸਮਾ ਦੀ ਬਿਜਾਈ ਕਰਕੇ ਵੱਧ ਤੋ ਵੱਧ ਰਕਬੇ ਵਿੱਚ ਨਰਮੇ ਦੀ ਬਿਜਾਈ ਕਰਨ ਤਾਂ ਕਿ ਪੰਜਾਬ ਸਰਕਾਰ ਵੱਲੋ ਦਿੱਤੇ ਗਏ ਨਰਮੇ ਦੀ ਟੀਚੇ ਨੂੰ ਪੂਰਾ ਕੀਤਾ ਜਾ ਸਕੇ।ਇਸ ਸਮੇ ਨਰਮੇ ਦੀ ਬਿਜਾਈ ਕਰਨ ਲਈ ਜ਼ਿਲ੍ਹੇ ਵਿੱਚ ਵੱਖ-ਵੱਖ ਸਿਫਾਰਸ ਕਿਸਮਾਂ ਦੇ ਬੀਟੀ ਕਾਟਨ ਬੀਜ ਦੀ ਕੋਈ ਘਾਟ ਨਹੀ ਹੈ।

ਇਸ ਤੋ ਇਲਾਵਾ ਉਨਾ ਕਿਸਾਨ ਭਰਾਵਾਂ ਨੂੰ ਅਪੀਲ ਕੀਤੀ ਕਿ ਉਹ ਰਵਾਇਤੀ ਝੋਨੇ ਦੀ ਥਾਂ ਤੇ ਉਹ ਝੋਨੇ ਦੀ ਸਿੱਧੀ ਬਿਜਾਈ ਕਰਨ।ਇਸ ਨਾਲ ਦਿਨ-ਬ-ਦਿਨ ਧਰਤੀ ਹੇਠਲੇ ਡਿੱਗਦੇ ਜਾ ਰਹੇ ਪਾਣੀ ਦੇ ਪੱਧਰ ਨੂੰ ਰੋਕਣ ਵਿੱਚ ਮਦਦ ਮਿਲੇਗੀ।ਉਨਾ ਵੱਲੋ ਕਿਸਾਨਾ ਨੂੰ ਫਸਲੀ ਵਿਭਿੰਨਤਾ ਪ੍ਰੋਗਰਾਮ ਤਹਿਤ ਮੱਕੀ ਅਤੇ ਮੱਕੀ ਚਾਰੇ ਹੇਠ ਵੀ ਵੱਧ ਤੋ ਵੱਧ ਰਕਬੇ ਵਿੱਚ ਬਿਜਾਈ ਕਰਨ ਦੀ ਪੁਰਜੋਰ ਸਿਫਾਰਸ ਕੀਤੀ।

I/20641/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਜ਼ਿਲਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਆਨਲਾਈਨ ਕੈਰੀਅਰ ਗਾਈਡੈਂਸ ਪ੍ਰੋਗਰਾਮ ਸ਼ੁਰੂ

ਬਠਿੰਡਾ, 27 ਅਪ੍ਰੈਲ : ਕਰੋਨਾ ਵਾਇਰਸ ਦੇ ਦੌਰਾਨ ਲੱਗੇ ਕਰਫ਼ਿਊ ਦੇ ਮੱਦੇਨਜ਼ਰ ਵਿਦਿਆਰਥੀਆਂ ਤੇ ਬੇਰੋਜ਼ਗਾਰ ਨੌਜਵਾਨਾਂ ਲਈ ਭਾਰਤ ਸਰਕਾਰ ਵਲੋਂ ਨੈਸ਼ਨਲ ਕਰੀਅਰ ਸਰਵਿਸ ਪ੍ਰੋਜੈਕਟ ਤਹਿਤ ਮਾਡਲ ਕੈਰੀਅਰ ਸੈਂਟਰ ’ਚ ਤਬਦੀਲ ਕੀਤੇ ਗਏ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਠਿੰਡਾ ਵੱਲੋਂ ਆਨਲਾਈਨ ਕਰੀਅਰ ਗਾਈਡੈਂਸ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ ਤਾਂ ਜੋ ਵਿਦਿਆਰਥੀ ਤੇ ਬੇਰੁਜ਼ਗਾਰ ਨੌਜਵਾਨ ਇਸ ਸਮੇਂ ਦਾ ਉਚਿੱਤ ਲਾਭ ਲੈ ਸਕਣ। ਇਹ ਜਾਣਕਾਰੀ ਮਾਡਲ ਕਰੀਅਰ ਸੈਂਟਰ ’ਚ ਤਾਇਨਾਤ ਅਧਿਕਾਰੀ ਸ਼੍ਰੀ ਅੰਕੁਰਵੀਰ ਅਰੋੜਾ ਨੇ ਦਿੱਤੀ।

ਇਸ ਤੋਂ ਇਲਾਵਾ ਸ਼੍ਰੀ ਅੰਕੁਰਵੀਰ ਅਰੋੜਾ ਇਹ ਵੀ ਕਿਹਾ ਕਿ ਜਿਹੜੇ ਵਿਦਿਆਰਥੀ, ਬੇਰੋਜ਼ਗਾਰ ਨੌਜਵਾਨ ਆਨਲਾਈਨ ਕਰੀਅਰ ਗਾਈਡੈਂਸ ਲੈਣ ਦੇ ਇੱਛੁਕ ਹੋਣ ਤਾਂ ਉਹ ਮੋਬਾਈਲ ਨੰਬਰ 77107-21374 ’ਤੇ ਸੋਮਵਾਰ, ਬੁੱਧਵਾਰ ਤੇ ਸ਼ੁੱਕਰਵਾਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਸਿਰਫ਼ ਵਟਸਐਪ ਸੁਨੇਹਾ (ਮੈਸੇਜ) ਕਰ ਸਕਦੇ ਹਨ। ਇਸ ਤੋਂ ਇਲਾਵਾ ਉਨਾਂ ਇਹ ਵੀ ਕਿਹਾ ਕਿ ਜੇਕਰ ਉਹ ਪੰਜਾਬ ਸਰਕਾਰ ਦੇ ਘਰ-ਘਰ ਰੋਜ਼ਗਾਰ ਮਿਸ਼ਨ ਤਹਿਤ ਬਿਊਰੋ ਦੇ ਡਿਪਟੀ ਸੀ.ਈ.ਓ ਸ. ਤੀਰਥਪਾਲ ਸਿੰਘ ਤੋਂ ਗਾਈਡੈਂਸ ਲੈਣਾ ਚਾਹੁੰਦੇ ਹਨ ਤਾਂ ਉਹ ਮੋਬਾਈਲ ਨੰਬਰ 70813-00013 ’ਤੇ ਸਿਰਫ਼ ਮੰਗਲਵਾਰ, ਵੀਰਵਾਰ ਤੇ ਸ਼ਨੀਵਾਰ ਨੂੰ ਵਟਸਐਪ ਮੈਸਜ ਕਰ ਸਕਦੇ ਹਨ। ਸੁਨੇਹਾ ਪ੍ਰਾਪਤ ਹੋਣ ’ਤੇ ਹੀ ਅਗਲੇਰੀ ਜਾਣਕਾਰੀ ਦਿੱਤੀ ਜਾਵੇਗੀ।

ਉਨਾਂ ਇਹ ਵੀ ਕਿਹਾ ਕਿ ਐਤਵਾਰ ਨੂੰ ਕੋਈ ਵੀ ਪ੍ਰੋਗਰਾਮ ਨਹੀਂ ਹੋਵੇਗਾ। ਇਨਾਂ ਨੰਬਰਾਂ ਤੇ ਸਿਰਫ ਮੈਸੇਜ ਹੀ ਸਵੀਕਾਰ ਕਿੱਤਾ ਜਾਵੇਗਾ ਅਤੇ ਉਮੀਦਵਾਰ ਦੀ ਰਜਿਸਟ੍ਰੇਸ਼ਨ ਕਰਨ ਉਪਰੰਤ ਵੀਡੀਓ ਕਾਲ ਰਾਹੀਂ ਜਾਂ ਫ਼ਿਰ ਹੋਰ ਤਰੀਕੇ ਨਾਲ ਗਾਈਡੈਂਸ ਸੈਸ਼ਨ ਲਗਾਇਆ ਜਾਵੇਗਾ।

I/20627/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਜੌਹਾਨ ਦੀ ਦਰਿਆਦਿਲੀ ਤੋਂ ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀ. ਹੋਏ ਪ੍ਰਸੰਨ

ਦਿਲ ਦੀਆਂ ਭਾਵਨਾਵਾਂ ਨੂੰ ਦੇਖਦੇ ਹੋਏ ਕੀਤਾ ਵਿਸ਼ੇਸ਼ ਤੌਰ 'ਤੇ ਧੰਨਵਾਦ

ਬਠਿੰਡਾ, 27 ਅਪ੍ਰੈਲ : ਕੌਮਾਤਰੀ ਪੱਧਰ 'ਤੇ ਫ਼ੈਲ ਚੁੱਕੇ ਕਰੋਨਾ ਵਾਇਰਸ ਨੂੰ ਫ਼ੈਲਣ ਤੋਂ ਰੋਕਣ ਦੇ ਲਈ ਪੰਜਾਬ ਸਰਕਾਰ ਨੇ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ ਜ਼ਿਲਾ ਪ੍ਰਸ਼ਾਸਨ ਵਲੋਂ ਪੂਰੀ ਤਨਦੇਹੀ ਨਾਲ ਆਪਣੀਆਂ ਡਿਊਟੀਆਂ ਨਿਭਾਆਈਆਂ ਜਾ ਰਹੀਆਂ ਹਨ ਉੱਥੇ ਹੀ ਬਠਿੰਡਾ ਦੇ ਹਾਊਸ ਫੈਡ ਕਲੋਨੀ ਦੇ ਰਹਿਣ ਵਾਲੇ ਇੱਕ ਨਿੱਕੇ ਜਿਹੇ ਬੱਚੇ ਜੌਹਾਨ ਨੇ ਆਪਣਾ ਪਿੱਗੀ ਬੈਂਕ ਡਿਪਟੀ ਕਮਿਸ਼ਨਰ ਸ਼੍ਰੀ ਬੀ.ਸ਼੍ਰੀਨਿਵਾਸਨ ਅਤੇ ਜ਼ਿਲਾ ਪੁਲਿਸ ਮੁਖੀ ਡਾ. ਨਾਨਕ ਸਿੰਘ ਨੂੰ ਸੌਂਪਿਆਂ। ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀ. ਨੇ ਇਸ ਛੋਟੇ ਜਿਹੇ ਬੱਚੇ ਦੀਆਂ ਦਿਲ ਦੀਆਂ ਭਾਵਨਾਵਾਂ ਨੂੰ ਦੇਖਦੇ ਹੋਏ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਤੇ ਹੱਲਾਸ਼ੇਰੀ ਦਿੱਤੀ।

ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬਠਿੰਡਾ ਜ਼ਿਲੇ ਦੇ ਸਮਾਜ ਸੇਵਕ, ਵੱਖ-ਵੱਖ ਵਪਾਰਕ ਅਦਾਰੇ ਅਤੇ ਹੋਰ ਵੀ ਕਈ ਮਹਾਨ ਸਖ਼ਸ਼ੀਅਤਾਂ ਦਾ ਵੀ ਧੰਨਵਾਦ ਕੀਤਾ ਜੋ ਕਿ ਕੋਵਿਡ ਰਾਹਤ ਫੰਡ ਵਿਚ ਵੱਧ ਚੜ ਕੇ ਆਪਣਾ ਯੋਗਦਾਨ ਪਾ ਰਹੇ ਹਨ। ਉਨਾਂ ਇਹ ਵੀ ਕਿਹਾ ਕਿ ਜੇਕਰ ਕੋਈ ਵੀ ਨਾਗਰਿਕ ਜੋ ਸਹਿਯੋਗ ਕਰਨਾ ਚਾਹੁੰਦਾ ਹੈ ਉਹ 'ਬਠਿੰਡਾ ਕੋਵਿਡ ਰਲੀਫ ਫੰਡ' ਐਚ.ਡੀ.ਐਫ.ਸੀ. ਬੈਂਕ ਦੇ ਖਾਤਾ ਨੰਬਰ 50100342803123 ਵਿੱਚ ਰਕਮ ਜਮਾਂ ਕਰਵਾ ਸਕਦਾ ਹੈ। ਇਸ ਸ਼ਾਖਾ ਦਾ ਆਈ.ਐਫ.ਐਸ.ਸੀ. ਕੋਡ 'ਐਚ.ਡੀ.ਐਫ.ਸੀ. 0000187' ਹੈ। ਇਹ ਰਾਸ਼ੀ ਬਠਿੰਡਾ ਵਿਚ ਲੋੜਵੰਦ ਲੋਕਾਂ ਨੂੰ ਰਾਸ਼ਨ ਮੁਹਈਆ ਕਰਵਾਉਣ ਲਈ ਖਰਚ ਕੀਤੀ ਜਾ ਰਹੀ ਹੈ।

I/20660/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਬਠਿੰਡਾ ਜ਼ਿਲ੍ਹੇ ਦੇ 106 ਹੋਰ ਸੈਂਪਲਾਂ ਦੀ ਰਿਪੋਟ ਨੈਗੇਟਿਵ ਆਈ

-ਐਤਵਾਰ ਦੇ 42 ਨਮੂਨਿਆਂ ਦੀ ਰਿਪੋਟ ਬਕਾਇਆ

- ਸੋਮਵਾਰ ਨੂੰ ਲਏ 59 ਨਮੂਨੇ

ਬਠਿੰਡਾ, 27 ਅਪ੍ਰੈਲ : ਜ਼ਿਲ੍ਹਾ ਪ੍ਰਸ਼ਾਸਨ ਦੇ ਉਪਰਾਲਿਆਂ ਅਤੇ ਜ਼ਿਲ੍ਹੇ ਦੇ ਨਾਗਰਿਕਾਂ ਦੇ ਵੱਢਮੁੱਲੇ ਸਹਿਯੋਗ ਕਾਰਨ ਬਠਿੰਡਾ ਜ਼ਿਲ੍ਹਾ ਗਰੀਨ ਜ਼ੋਨ ਵਿਚ ਬਣਿਆ ਹੋਇਆ ਹੈ। ਸ਼ਨੀਵਾਰ ਨੂੰ ਲਏ ਗਏ 106 ਨਮੂਨਿਆਂ ਦੀ ਰਿਪੋਟ ਨੈਗੇਟਿਵ ਪ੍ਰਾਪਤ ਹੋਈ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨ੍ਹਾਂ ਨੇ ਇਸ ਮੌਕੇ ਜ਼ਿਲ੍ਹਾਂ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਮਾਜਿਕ ਦੂਰੀ ਦੇ ਸਿਧਾਂਤ ਦਾ ਸਖਤੀ ਨਾਲ ਪਾਲਣ ਕਰਨ ਅਤੇ ਘਰਾਂ ਦੇ ਅੰਦਰ ਹੀ ਰਹਿਣ। ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਐਤਵਾਰ ਨੂੰ ਲਏ 42 ਨਮੂਨਿਆਂ ਦੀ ਰਿਪੋਟ ਆਉਣੀ ਹਾਲੇ ਬਾਕੀ ਹੈ। ਜਦ ਕਿ ਸੋਮਵਾਰ ਨੂੰ 59 ਨਵੇਂ ਨਮੂਨੇ ਲਏ ਗਏ ਹਨ।

I/20668/2020

ਦਫ਼ਤਰ ਜ਼ਿਲਾ ਲੋਕ ਸੰਪਰਕ ਵਿਭਾਗ, ਬਠਿੰਡਾ

ਸਿਹਤ ਵਿਭਾਗ ਵੱਲੋਂ ਕੋਵਿਡ-19 ਦੌਰਾਨ ਸਿਹਤ ਸੰਸਥਾਵਾਂ ਅਤੇ ਰਹਾਇਸ਼ੀ/ਵਪਾਰਕ ਥਾਵਾਂ ਵਿਖੇ ਏ.ਸੀ. ਦੀ ਵਰਤੋਂ ਸਬੰਧੀ ਵਿਸਥਾਰਤ ਦਿਸ਼ਾ-ਨਿਰਦੇਸ਼ ਜਾਰੀ

ਬਠਿੰਡਾ, 27 ਅਪ੍ਰੈਲ : ਗਰਮੀ ਦੇ ਮੌਸਮ ਦੀ ਸ਼ੁਰੂਆਤ ਦੇ ਚੱਲਦਿਆਂ ਏਅਰ ਕੰਡੀਸ਼ਨਰਾਂ ਦੀ ਵਰਤੋਂ ਸਬੰਧੀ ਸ਼ੰਕਿਆਂ ਨੂੰ ਦੂਰ ਕਰਦਿਆਂ ਸਿਹਤ ਵਿਭਾਗ ਵੱਲੋਂ ਕੋਵਿਡ-19 ਦੌਰਾਨ ਸਿਹਤ ਸੰਸਥਾਵਾਂ ਅਤੇ ਰਹਾਇਸ਼ੀ/ਵਪਾਰਕ ਥਾਵਾਂ ਵਿਖੇ ਏ.ਸੀ. (ਏਅਰ ਕੰਡੀਸ਼ਨਰਾਂ) ਦੀ ਵਰਤੋਂ ਸਬੰਧੀ ਵਿਸਥਾਰਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਹਤ ਵਿਭਾਗ ਦੇ ਬੁਲਾਰੇ ਨੇ ਕਿਹਾ ਕਿ ਕਿਉਂਕਿ ਏਅਰ ਕੰਡੀਸ਼ਨਰ ਇੱਕ ਕਮਰੇ ਵਿਚਲੀ ਹਵਾ ਨੂੰ ਘੁੰਮਾ ਕੇ (ਰੀ-ਸਰਕੁਲੇਟ) ਦੁਬਾਰਾ ਠੰਡਾ ਕਰਨ ਦੇ ਨਿਯਮ ਤੇ ਕੰਮ ਕਰਦਾ ਹੈ ਇਸ ਲਈ ਮੌਜੂਦਾ ਕੋਵਿਡ-19 ਦੀ ਸਥਿਤੀ ਵਿੱਚ ਕੁਝ ਚਿੰਤਾਜਨਕ ਸ਼ੰਕਾਵਾਂ ਸਾਹਮਣੇ ਆ ਰਹੀਆਂ ਹਨ ਕਿ ਏਅਰ ਕੰਡੀਸ਼ਨਰ ਦੀ

ਵੱਡੇ ਸਥਾਨਾਂ ਜਿਵੇਂ ਕਿ ਮਾਲ, ਦਫ਼ਤਰ, ਹਸਪਤਾਲ, ਸਿਹਤ ਕੇਂਦਰਾਂ ਆਦਿ ਵਿੱਚ ਵਰਤੋਂ ਦੇ ਨਾਲ ਲੋਕਾਂ ਨੂੰ ਖ਼ਤਰਾ ਹੋ ਸਕਦਾ ਹੈ।

ਲਾਗ ਦੇ ਫੈਲਣ ਦੀ ਸੰਭਾਵਨਾ ਸਿਹਤ ਸੰਸਥਾਵਾਂ ਖ਼ਾਸਕਰ ਕੋਵਿਡ -19 ਵਾਰਡਾਂ ਜਾਂ ਆਈਸੋਲੇਸ਼ਨ ਸੈਂਟਰਾਂ ਵਿਚ ਵਧੇਰੇ ਹੁੰਦੀ ਹੈ ਅਤੇ ਇਸ ਲਈ ਇਹ ਸਿਫਾਰਸ਼ ਕੀਤੀ ਗਈ ਹੈ ਕਿ ਇਨਾਂ ਖੇਤਰਾਂ ਵਿੱਚ ਬਾਕੀ ਸਾਰੇ ਹਸਪਤਾਲ ਜਾਂ ਬਿਲਡਿੰਗ ਨਾਲੋਂ ਏਅਰ ਕੰਡੀਸ਼ਨਿੰਗ ਸਿਸਟਮ ਵੱਖਰਾ ਹੋਵੇ ਤਾਂ ਜੋ ਸੰਭਾਵਿਤ ਸੰਕ੍ਰਮਿਤ ਹਵਾ ਜਾਂ ਛਿੱਟਿਆਂ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਉਹ ਕੁਝ ਥਾਵਾਂ ਜਿੱਥੇ ਵੱਖਰੀ ਏਅਰ ਕੰਡੀਸ਼ਨਿੰਗ ਨਹੀਂ ਕੀਤੀ ਜਾ ਸਕਦੀ, ਉੱਥੇ ਇਕੱਠੀ ਹੋਈ ਬਾਹਰ ਜਾਣ ਵਾਲੀ ਹਵਾ (ਐਗਜ਼ਾਸਟ ਏਅਰ) ਵਿੱਚ ਸੰਕ੍ਰਮਿਤ ਰੋਗਾਣੂ ਹੋਣ ਦੀ ਸੰਭਾਵਨਾ ਰਹਿੰਦੀ ਹੈ ਅਤੇ ਇਸ ਲਈ ਉਪਯੁਕਤ ਤਕਨੀਕ ਦੀ ਵਰਤੋਂ ਕਰਕੇ ਸੰਕਰਮਣ ਨੂੰ ਫੈਲਣ ਦੇ ਖ਼ਤਰੇ ਤੋਂ ਬਚਾਅ ਕੀਤਾ ਜਾ ਸਕਦਾ ਹੈ। ਕੋਵਿਡ-19 ਪ੍ਰਭਾਵਿਤ ਮਰੀਜ਼ ਦੇ ਕਮਰੇ ਦੀ ਐਗਜ਼ਾਸਟ ਹਵਾ ਦਾ ਟਰੀਟਮੈਂਟ, ਹੈਪਾ-ਫਿਲਟਰੇਸ਼ਨ ਜਾਂ ਕੈਮੀਕਲ ਡਿਸਇਨਫੈਕਸ਼ਨ ਨਾਲ ਕੀਤਾ ਜਾ ਸਕਦਾ ਹੈ, ਹਵਾ ਦੀ ਬਬਲਿੰਗ ਕਰਨ ਲਈ ਗੈਰ ਧਾਤੂ ਮਟੀਰੀਅਲ ਵਾਲੇ ਡਿਫਿਊਜ਼ਡ ਏਅਰ ਏਰੀਏਟਰ ਟੈਂਕ ਦਾ ਇਸਤੇਮਾਲ ਕੀਤਾ ਜਾ ਸਕਦਾ ਹੈ, ਜਿਸ ਵਿੱਚ 1 ਪ੍ਰਤੀਸ਼ਤ ਸੋਡੀਅਮ ਹਾਈਪੋਕਲੋਰਾਈਟ ਸੋਲਿਊਸ਼ਨ ਦੀ ਵਰਤੋਂ ਕੀਤੀ ਜਾਵੇ।

ਬੁਲਾਰੇ ਨੇ ਅੱਗੇ ਕਿਹਾ ਕਿ ਇਹ ਸਿਫਾਰਸ਼ ਕੀਤੀ ਜਾਂਦੀ ਹੈ ਕਿ ਏਕਾਂਤਵਾਸ ਕੇਂਦਰ ਹਵਾਦਾਰ ਹੋਣੇ ਚਾਹੀਦੇ ਹਨ ਅਤੇ ਨੈਗੇਟਿਵ ਜਾਂ ਨਿਊਟ੍ਰਲ ਪ੍ਰੈਸ਼ਰ 'ਤੇ ਮੈਂਟੇਨ ਹੋਣੇ ਚਾਹੀਦੇ ਹਨ। ਜਦੋ◌ੋਂ ਮਕੈਨੀਕਲ ਵੈਂਟੀਲੇਸ਼ਨ ਦੀ ਵਰਤੋਂ ਕੀਤੀ ਜਾਵੇ ਤਾਂ ਇੱਕ ਵਾਰ ਵਰਤੋਂ ਵਾਲਾ (ਨਾਨ-ਰੀਸਰਕੁਲੇਟਰੀ ਸਿਸਟਮ) ਹੋਣਾ ਚਾਹੀਦਾ ਹੈ, ਜੋ ਕਿ ਸਾਫ਼ ਤੋਂ ਗੰਦੀ (ਮਰੀਜ਼ਾਂ ਵੱਲ ਸਾਫ਼ ਅਤੇ ਐਗਜ਼ਾਸਟ ਵੱਲ ਗੰਦੀ) ਹਵਾ ਲੈ ਜਾਣ ਦੇ ਵਹਾਅ ਦੇ ਤਰੀਕੇ ਅਨੁਸਾਰ ਕੰਮ ਵਿੱਚ ਲਿਆਂਦਾ ਜਾਵੇ।

ਯੂਨਿਟਾਂ ਦਾ ਬਚਾਅ (ਮੇਨਟੇਨੈਂਸ) ਮੈਨੂਫੈਕਚਰਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਕੀਤੀ ਜਾਵੇ। ਜਿਸ ਵਿੱਚ ਫਿਲਟਰ, ਗਰਿਲਾਂ, ਡਿਫਿਊਜਰਜ਼ ਅਤੇ◌ੇ ਅੰਦਰੂਨੀ◌ੂ ਸਤਿਹਾਂ ਨੂੰ ਡਿਸਇਨਫੈ◌ੇਕਟ ਅਤੇ ਸਾਫ਼ ਕੀਤਾ ਜਾਵੇ।

ਵਪਾਰਕ ਅਤੇ ਉਦਯੋਗਿਕ ਥਾਵਾਂ ਲਈ ਇਹ ਸਿਫ਼ਾਰਿਸ਼ ਕੀਤੀ ਜਾਂਦੀ ਹੈ ਕਿ ਕੋਵਿਡ-19 ਦੇ ਖ਼ਤਰੇ ਦੇ ਹਵਾ ਵਿੱਚ ਫ਼ੈਲਾਵ ਨੂੰ ਘੱਟੋ-ਘੱਟ ਰੱਖਣ ਲਈ ਜ਼ਰੂਰੀ ਹੈ ਕਿ ਅੰਦਰੂਨੀ ਵਾਤਾਵਰਣ ਵਿੱਚ ਵੱਧ ਤੋਂ ਵੱਧ ਬਾਹਰੀ ਹਵਾ ਆਉਣੀ ਚਾਹੀਦੀ ਹੈ।

ਸਿਰਫ਼ ਖਿੜਕੀਆਂ ਖੋਲਣ ਦੀ ਜਗਾਂ ਤੇ ਜੇਕਰ ਵੈਂਟੀਲੇਸ਼ਨ ਵਾਲਾ ਮਕੈਨੀਕਲ ਵੈਂਟੀਲੇਸ਼ਨ ਸਿਸਟਮਜ਼ ਅਤੇ ਏਅਰ ਕੰਡੀਸ਼ਨਿੰਗ ਸਿਸਟਮਜ਼ ਹੋਵੇ ਤਾਂ ਜ਼ਿਆਦਾ ਬਿਹਤਰ ਤਰੀਕੇ ਨਾਲ ਬਾਹਰੀ ਹਵਾ ਨੂੰ ਫਿਲਟਰ ਕਰਕੇ ਅੰਦਰੂਨੀ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਿਆਇਆ ਜਾ ਸਕਦਾ ਹੈ।

ਜੇਕਰ ਤਾਜ਼ੀ ਹਵਾ ਉਪਲਬੱਧ ਨਾ ਹੋ ਰਹੀ ਹੋਵੇ ਤਾਂ ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ ਤਾਜ਼ੀ ਹਵਾ ਲਈ ਸੈਂਟਰਲ ਇਨਲਾਈਨ ਫੈਨ ਫਿਲਟਰ ਯੂਨਿਟ ਨਾਲ ਇੱਕ ਏਅਰ ਡਕਟ (ਹਵਾ ਵਾਲੀ ਪਾਈਪ) ਜੋੜ ਦਿੱਤੀ ਜਾਵੇ ਅਤੇ ਜੇਕਰ ਮਲਟੀਪਲ ਕੈਸੇਟ ਜਾਂ ਮਲਟੀਪਲ ਹਾਈ ਵਾਲ ਯੂਨਿਟ ਹੋਣ ਤਾਂ ਤਾਜ਼ੀ ਹਵਾ ਨੂੰ ਗਰਿਲਾਂ ਰਾਹੀਂ ਅੰਦਰੂਨੀ ਖੇਤਰ ਵਿੱਚ ਜਾਂ ਉਸਦੇ ਨਜ਼ਦੀਕ ਪਹੁੰਚਾਇਆ ਜਾ ਸਕਦਾ ਹੈ।

ਤਾਜ਼ੀ ਹਵਾ ਦੀ ਘੱਟੋ-ਘੱਟ ਮਾਤਰਾ 3 ਕਿਊਬਿਕ ਮੀਟਰ/ਘੰਟਾ ਪ੍ਰਤੀ ਵਿਅਕਤੀ ਅਤੇ 3.75 ਕਿਊਬਿਕ ਮੀਟਰ /ਘੰਟਾ ਪ੍ਰਤੀ ਸਕੇਅਰ ਮੀਟਰ (5 ਸੀਐਫਐਮ ਪ੍ਰਤੀ ਵਿਅਕਤੀ ਅਤੇ 0.6 ਸੀਐਫਐਮ ਪ੍ਰਤੀ ਸਕੇਅਰ ਫੁੱਟ) ਦੀ ਸਿਫਾਰਿਸ਼ ਕੀਤੀ ਜਾਂਦੀ ਹੈ।

ਜਿਹੜੀਆਂ ਇਮਾਰਤਾਂ ਵਿੱਚ ਮਕੈਨੀਕਲ ਵੈਂਟੀਲੇਸ਼ਨ ਸਿਸਟਮ ਨਹੀਂ ਹੈ, ਉਨਾਂ ਵਿੱਚ ਖੁੱਲਣ ਵਾਲੀਆਂ ਖਿੜਕੀਆਂ ਦਾ ਉਪਯੋਗ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ ਰੀ-ਸਰਕੂਲੇਟ ਸਿਸਟਮ ਦੇ ਮਾਮਲੇ ਵਿੱਚ ਰਿਟਰਨ ਏਅਰ ਸਰਕੂਲੇਸ਼ਨ ਨੂੰ ਸੀਮਿਤ ਕੀਤਾ ਜਾਵੇ। ਇਸ ਰਿਟਰਨ ਏਅਰ ਸਿਸਟਮ ਨੂੰ ਐਗਜ਼ਾਸਟ ਸਿਸਟਮ ਵਿੱਚ ਬਦਲਿਆ ਜਾ ਸਕਦਾ ਹੈ।

ਰਹਾਇਸ਼ੀ ਥਾਵਾਂ ਲਈ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਕਮਰੇ ਦਾ ਤਾਪਮਨ 24 ਤੋਂ 27 ਡਿਗਰੀ ਸੈਲਸੀਅਸ ਵਿੱਚ ਸੈੱਟ ਕੀਤਾ ਜਾਵੇ ਅਤੇ ਨਮੀਂ (ਹਿਊਮੀਡਿਟੀ) ਨੂੰ 40 ਤੋਂ 70 ਪ੍ਰਤੀਸ਼ਤ ਵਿੱਚ ਰੱਖੀ ਜਾਵੇ।ਏਅਰ ਕੰਡੀਸ਼ਨਰ ਦੀ ਸਮੇਂ-ਸਮੇਂ ਤੇ ਸਰਵਿਸ ਕਰਵਾਈ ਜਾਵੇ ਤਾਂ ਜੋ ਫਿਲਟਰ ਸਾਫ਼ ਰਹਿਣ।

ਜ਼ਿਆਦਾ ਲੋਕਾਂ ਵਾਲੇ ਕਮਰੇ ਵਿੱਚ ਹਵਾ ਬਾਹਰ ਕੱਢਣ ਵਾਲਾ ਪੱਖਾ (ਐਗਜ਼ਾਸਟਫੈਨ) ਲਗਾਇਆ ਜਾ ਸਕਦਾ ਹੈ, ਜਿਸ ਨਾਲ ਕਮਰੇ ਵਿੱਚ ਨੈਗੇਟਿਵ ਪ੍ਰੈਸ਼ਰ ਬਣੇ ਅਤੇ ਤਾਜ਼ੀ ਹਵਾ ਦਾ ਚਲਣ ਰਹੇ। ਕਮਰੇ ਵਿੱਚ ਘੁੰਮ ਰਹੀ ਹਵਾ ਨੂੰ ਸਮੇਂ-ਸਮੇਂ ਤੇ ਬਾਹਰ ਕੱਢਿਆ ਜਾਵੇ।

I/20672/2020

O/O DISTRICT PUBLIC RELATIONS OFFICER, PUNJAB

**ALLAYING CONCERNS, HEALTH DEPT ISSUES DETAILED GUIDELINES FOR AC USE AT HEALTHCARE FACILITIES AND RESIDENTIAL/COMMERCIAL PLACES DURING COVID-19**

Bathinda, APRIL 27: Allaying genuine apprehensions on the count with the onset of summer season, the Health Department has issued comprehensive guidelines for use of Air Conditioning particularly at health care facilities besides in domestic and commercial settings, in the wake of Covid-19 outbreak.

Disclosing this here today, the spokesperson of Health Department said since Air-conditioning systems generally work on the principle of re-circulating the air inside the room, there have been concerns that it poses a threat of infection to other people especially in large facilities such as malls, offices, hospitals, health centres during present situation.

Pointing out that in healthcare settings, the probability of spread of infection is higher especially in COVID-19 wards or isolation centres, the advisory recommends the air-conditioning system in these facilities should be isolated and different from rest of the hospital or the building so as to prevent the recirculation of air which may be containing the droplet nuclei having virus.

In certain settings, where a separate air conditioning is not possible/feasible, exhaust air is likely to contain particles carrying the virus and hence a suitable technique should be deployed to prevent the spread of infections. The treatment of exhaust air can be done by HEPA filtration or by chemical disinfection of the exhaust air from COVID-19 patient room by bubbling the exhaust air through a “Diffused air aerator tank” (preferably of non-metallic material) holding a 1% sodium hypochlorite solution, the advisory reads further.

Each quarantine centre shall be well ventilated and preferably be maintained at a negative or neutral differential pressure. When mechanical ventilation is resorted to, it shall be a once through system (non- recirculatory system) that provides a “clean to dirty” (towards the patient and away to the exhaust) air flow pattern, the spokesperson added.
Preventive maintenance on all units as per the manufacturer’s guidelines shall be ensured. This should include disinfecting and cleaning of Filters, grilles, diffusers & internal surfaces.
In commercial and industrial settings, the advisory recommends best action to limit the risk of spread of COVID-19 infection through air is to ventilate the indoor environments with outdoor air as much as possible.
Mechanical ventilation systems and air conditioning systems, which provide ventilation, can perform this function more effectively than simply opening the windows, because they improve the quality of the outdoor air with filtration.
If fresh air is not provided, it is advisable to introduce a fresh air duct attached to a central inline fan filter unit and distribute the fresh air by grilles into the space or near the indoor units in case of multiple cassette or multiple hi-wall units.
A minimum fresh air volume of 3 cubic meter/hour per person and 3.75 cubic meter per hour per square metre (5 cfm per person and 0.6 cfm per sq ft) is recommended.
In buildings without mechanical ventilation systems, it is recommended to actively use operable windows. In case of re-circulating system, it is advisable to limit the return air circulation. The return air system could be converted to an exhaust system.
The room temperature, for residential purposes, should be set between 24-27 degrees Celsius and the relative humidity should be maintained between 40% - 70%. The Air conditioners should be serviced often so as to keep the filters clean.
Exhaust fans can be installed in the rooms containing a large number of people so as to create a negative pressure in the room and ensure the entry of fresh air in the premises. The circulated air inside the room should be vented out frequently.
I/20673/2020

सूचना एवं लोक संपर्क विभाग, बठिण्डा

स्वास्थ्य विभाग द्वारा कोविड -19 के दौरान स्वास्थ्य संस्थाओं और रिहायशी /व्यापारिक स्थानों में ए.सी. के प्रयोग सम्बन्धी विस्तृत दिशा -निर्देश जारी

बठिंडा, 27 अप्रैल: गर्मी के मौसम की शुरुआत के चलते एयर कंडीशनरों के प्रयोग सम्बन्धी शंकाओं को दूर करते हुये स्वास्थ्य विभाग द्वारा कोविड -19 के दौरान स्वास्थ्य संस्थाओं और रिहायशी /व्यापारिक स्थानों में ए.सी. (एयर कंडीशनरों) के प्रयोग सम्बन्धी विस्तृत दिशा -निर्देश जारी किये गए हैं।
इस सम्बन्धी जानकारी देते हुये स्वास्थ्य विभाग के प्रवक्ता ने कहा कि क्योंकि एयर कंडीशनर एक कमरे के बीच की हवा को घुमा कर (री-सर्कुलेट) दोबारा ठंडा करने के नियम पर काम करता है, इसलिए मौजूदा कोविड -19 की स्थिति में कुछ चिंताजनक शंकाएँ सामने आ रही हैं कि एयर कंडीशनर की बड़े स्थानों जैसे कि मॉल, दफ़्तर, अस्पताल, स्वास्थ्य केन्द्रों आदि में प्रयोग के साथ लोगों को ख़तरा हो सकता है।

संक्रमण के फैलने की संभावना स्वास्थ्य संस्थाओं खासकर कोविड -19 वार्डों या आइसोलेशन सेंटरों में और ज्यादा होती है और इसलिए यह सिफ़ारिश की गई है कि इन क्षेत्रों में बाकी सभी अस्पताल या बिल्डिंग की अपेक्षा एयर कंडीशनिंग सिस्टम अलग हो जिससे संभावित संक्रमित हवा या छींटों को फैलने से रोका जा सके।

कुछ स्थानों पर जहाँ अलग एयर कंडीशनिंग नहीं की जा सकती, वहाँ इक_ी हुई बाहर जाने वाली हवा (एग्जास्ट एयर) में संक्रमित रोगाणु होने की संभावना रहती है और इसलिए उपयुक्त तकनीक का प्रयोग करके संक्रमण को फैलने के खतरे से बचाव किया जा सकता है। कोविड -19 के प्रभावित मरीज़ के कमरे की एग्जास्ट हवा का ट्रीटमेंट, हैपा -फिलटरेशन या केमिकल डिसइनफैकशन के साथ किया जा सकता है, हवा की बबलिंग करने के लिए ग़ैर धातु मैटीरियल वाले डिफ्यूजड़ एयर एरीएटर टैंक का इस्तेमाल किया जा सकता है, जिसमें 1 प्रतिशत सोडियम हाईपोकलोराईट सोल्यूशन का प्रयोग किया जाये।

प्रवक्ता ने आगे कहा कि यह सिफ़ारिश की जाती है कि एकांतवास केंद्र हवादार होने चाहिएं और नेगेटिव या न्युट्रल प्रेशर पर मेंटेन होने चाहिएं। जब मैकेनिकल वेंटीलेशन का प्रयोग किया जाये तो एक बार प्रयोग वाला (नॉन -रीसरकुलेटरी सिस्टम) होना चाहिए, जोकि साफ़ से गंदी (मरीज़ों की तरफ साफ़ और एग्जास्ट की तरफ गंदी) हवा ले जाने के बहाव के तरीके के अनुसार काम में लाया जाये।

इकाईयों का बचाव (मेनटेनेंस) मैनूफैकचरर के दिशा निर्देशों की पालना करते हुए किया जाये। जिसमें फ़िल्टर, ग्रीलें, डिफ्यूजरज़ और अन्दरूनी सतेहों को डिसइनफेकट और साफ़ किया जाये।

व्यापारिक और औद्योगिक स्थानों के लिए यह सिफारिश की जाती है कि कोविड -19 के खतरे के हवा में फैलाव को कम से -कम रखने के लिए ज़रूरी है कि अंदरूनी वातावरण में अधिक से अधिक बाहरी हवा आनी चाहिए।

सिफऱ् खिड़कियाँ खोलने के स्थानों पर यदि वेंटीलेशन वाला मैकेनिकल वेंटीलेशन सिस्टमज़ और एयर कंडीशनिंग सिस्टमज़ हो तो ज़्यादा बेहतर तरीके से बाहरी हवा को फ़िल्टर करके अंदरूनी हवा की गुणवत्ता में सुधार लाया जा सकता है।

यदि ताज़ी हवा उपलब्ध न हो रही हो तो यह सिफारिश की जाती है कि ताज़ी हवा के लिए सैंट्रल इनलाईन फेन फ़िल्टर यूनिट के साथ एक एयर डकट (हवा वाली पाईप) जोड़ दी जाये और यदि मल्टीपल कैसेट या मल्टीपल हाई बाल यूनिट हो तो ताज़ी हवा को ग्रीलों के द्वारा अंदरूनी क्षेत्र में या उसके नज़दीक पहुँचाया जा सकता है।

ताज़ी हवा की कम से -कम मात्रा 3 क्यूबिक मीटर /घंटा प्रति व्यक्ति और 3.75 क्यूबिक मीटर /घंटा प्रति सकेयर मीटर (5 सीएफएम प्रति व्यक्ति और 0.6 सीएफएम प्रति सकेयर फुट) की सिफारिश की जाती है।

जिन इमारतों में मैकेनिकल वेंटीलेशन सिस्टम नहीं है, उनमें खुलने वाली खिड़कियों का उपयोग करने की सलाह दी जाती है। यह सिफारिश की जाती है कि री-सर्कुलेट सिस्टम के मामलों में रिटरन एयर सर्कुलेशन को सीमित किया जाये। इस रिटरन एयर सिस्टम को एग्जास्ट सिस्टम में बदला जा सकता है।

रिहायशी स्थानों के लिए यह सलाह दी जाती है कि कमरे का तापमन 24 से 27 डिग्री सैल्सियस पर सैट किया जाये और नमी (ह्यूमीडिटी) को 40 से 70 प्रतिशत में रखा जाये। एयर कंडीशनर की समय -समय पर सर्विस करवाई जाये जिससे फ़िल्टर साफ़ रहे।

ज़्यादा लोगों वाले कमरे में हवा बाहर निकालने वाला पंखा (ऐगज़ास्टफैन) लगाया जा सकता है, जिससे कमरे में नेगेटिव प्रेशर बने और ताज़ी हवा का चलन रहे। कमरे में घूम रही हवा को समय -समय पर बाहर निकाला जाये।

I/20666/2020